**GENERAL SHIVDEV SINGH DIWAN GURBACHAN singh**

# KHALSA COLLEGE PATIALA

## AN AUTONOMOS COLLEGE

SAHIT SABHA

PUNJABI DEPATMENT

Students Attendance in Co-curricular Activities
Session – 2021-22
Name of Activity – Induction Programme
Coordinator - Prof Paramjit Kaur
Convener - Prof. Jagroop Kaur
Date - 16. Sept. 2021
No. of the Students Participated – 198






16 ਸਤੰਬਰ 2021ਨੂੰ ਬੀ.ਏ ਭਾਗ ਪਹਿਲਾ ਅਤੇ ਐਮ. ਏ ਭਾਗ ਪਹਿਲਾ ਦੇ ਵਿਦਿਆਰਥੀਆਂ ਲਈ ਪੰਜਾਬੀ ਵਿਭਾਗ ਵੱਲੋਂ ਇੰਡਕਸ਼ਨ ਪ੍ਰੋਗਰਾਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਅਤੇ ਪੰਜਾਬੀ ਵਿਭਾਗ ਦੇ ਪ੍ਰੋਫੈਸਰ ਡਾ. ਪੁਸ਼ਪਿੰਦਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਪੰਜਾਬੀ ਵਿਭਾਗ ਬਾਰੇ ਅਤੇ ਕਾਲਜ ਦੇ ਸਮੁੱਚੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ ।ਜਿਸ ਵਿੱਚ ਉਨ੍ਹਾਂ ਨੂੰ ਕਾਲਜ ਲਾਇਬਰੇਰੀ, ਐਗਜ਼ਾਮੀਨੇਸ਼ਨ ਬਰਾਂਚ ਅਤੇ ਕਾਲਜ ਦੀਆਂ ਸਮੂਹ ਗਤੀਵਿਧੀਆਂ ਤੋਂ ਜਾਣੂ ਕਰਵਾਇਆ ਗਿਆ।

# ਖ਼ਾਲਸਾ ਕਾਲਜ ਪਟਿਆਲਾ ਵੱਲੋਂ ਓਰੀਐਂਟੇਸ਼ਨ ਤੇ ਇੰਡਕਸ਼ਨ ਪ੍ਰੋਗਰਾਮ ਕਰਵਾਇਆ

ਪੰਜਾਬ ਟਾਈਮਜ਼ ਖ਼ਬਰ



ਪਟਿਆਲਾ, 17 ਸਤੰਬਰ (ਪੰਜਾਬ ਟਾਇਮਜ਼ ਬਿਊਰੋ)-ਖ਼ਾਲਸਾ ਕਾਲਜ ਪਟਿਆਲਾ ਦੇ ਵੱਖ-ਵੱਖ ਵਿਭਾਗਾਂ ਜਿਨ੍ਹਾਂ ਵਿਚ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ, ਪੋਸਟ ਗ੍ਰੈਜੂਏਟ ਅੰਗਰੇਜ਼ੀ ਤੇ ਵਿਦੇਸ਼ੀ ਭਾਸ਼ਾਵਾਂ ਵਿਭਾਗ ਅਤੇ ਸਮਾਜ ਵਿਗਿਆਨ ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਤੇ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਵਿਭਾਗਾਂ ਵੱਲੋਂ ਕਰਵਾਏ ਗਏ ਇਨ੍ਹਾਂ ਵੱਖ-ਵੱਖ ਪ੍ਰੋਗਰਾਮਾਂ ਦੌਰਾਨ ਵਿਦਿਆਰਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਨਵੇਂ ਵਿਦਿਆਰਥੀਆਂ ਨੂੰ ਜੀ ਆਇਆਂ ਨੂੰ ਕਹਿੰਦੇ ਹੋਏ ਕਿਹਾ ਕਿ ਖ਼ਾਲਸਾ ਕਾਲਜ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਲਗਾਤਾਰ ਯਤਨ ਕਰਦਾ ਆ ਰਿਹਾ ਹੈ। ਸਾਡੀ ਇਹ ਕੋਸ਼ਿਸ਼ ਰਹਿੰਦੀ ਹੈ ਕਿ ਵਿਦਿਆਰਥੀ ਜਿਹੜੇ ਸੁਪਨੇ ਲੈ ਕੇ ਕਾਲਜ ਵਿੱਚ ਦਾਖਲ ਹੋਏ ਹਨ, ਅਸੀਂ ਉਨ੍ਹਾਂ ਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਉਨ੍ਹਾਂ ਇਹ ਵੀ ਕਿਹਾ ਕਿ ਵਿਦਿਆਰਥੀਆਂ ਲਈ ਕਾਲਜ ਵਿਚ ਪਹੁੰਚ ਕੇ ਕਲਾਸਾਂ ਲਾਉਣਾ ਜ਼ਰੂਰੀ ਹੁੰਦਾ ਹੈ। ਕਲਾਸਾਂ ਦੇ ਦੌਰਾਨ ਉਹ ਵੱਖ-ਵੱਖ ਅਧਿਆਪਕਾਂ ਦੁਆਰਾ ਦਿੱਤਾ ਜਾਂਦਾ ਗਿਆਨ ਹਾਸਿਲ ਕਰਦੇ ਹਨ ਜੋ ਕਿ ਵਿਦਿਆਰਥੀਆਂ ਲਈ ਸਾਰੀ ਜ਼ਿੰਦਗੀ ਉਪਯੋਗੀ ਰਹਿੰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਕਾਲਜ ਵੱਲੋਂ ਅਨੇਕਾਂ ਹੀ ਸਭਾ ਅਤੇ ਸੁਸਾਇਟੀਆਂ ਦਾ ਗਠਨ ਕੀਤਾ ਗਿਆ ਹੈ ਜੋ ਕਿ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਹੋਰ ਉਭਾਰਨ ਲਈ ਕਾਰਜ ਕਰਦੀਆਂ ਹਨ। ਇਸ ਲਈ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਵੱਖ-ਵੱਖ ਕਮੇਟੀਆਂ ਤੇ ਸਭਾਵਾਂ ਦਾ ਮੈਂਬਰ ਬਣਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਕਾਲਜ ਵੱਲੋਂ ਅਧਿਆਪਕਾਂ ਦੀਆਂ ਵੱਖ-ਵੱਖ ਕਮੇਟੀਆਂ ਬਣਾਈਆਂ ਗਈਆਂ ਹਨ ਲੋੜ ਅਨੁਸਾਰ ਵਿਦਿਆਰਥੀ ਉਨ੍ਹਾਂ ਅਧਿਆਪਕਾਂ ਨੂੰ ਮਿਲ ਸਕਦੇ ਹਨ। ਉਨ੍ਹਾਂ ਤੋਂ ਇਲਾਵਾ ਕਿਸੇ ਵੀ ਜ਼ਰੂਰਤ ਜਾਂ ਲੋੜ ਅਨੁਸਾਰ ਵਿਦਿਆਰਥੀਆਂ ਦੁਆਰਾ ਪ੍ਰਿੰਸੀਪਲ ਸਾਹਿਬ ਨੂੰ ਵੀ ਮਿਲਿਆ ਜਾ ਸਕਦਾ ਹੈ। ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਇਸ ਮੌਕੇ ਬੀ.ਏ. ਭਾਗ ਪਹਿਲਾ ਅਤੇ ਐਮ. ਏ. ਪੰਜਾਬੀ ਭਾਗ ਪਹਿਲਾ ਦੇ ਵਿਦਿਆਰਥੀਆਂ ਦੀ ਕੀਤੀ ਗਈ ਇਕੱਤਰਤਾ ਵਿਚ ਡਾ. ਪੁਸ਼ਪਿੰਦਰ ਕੌਰ ਵੱਲੋਂ ਕਾਲਜ ਦੀਆਂ ਵੱਖ-ਵੱਖ ਕਮੇਟੀਆਂ ਲਾਇਬ੍ਰੇਰੀ ਅਤੇ ਹੋਰ ਸਹੂਲਤਾਂ ਸਬੰਧੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਪੰਜਾਬੀ ਸਾਹਿਤ ਸਭਾ ਤੇ ਵਿਭਾਗ ਵੱਲੋਂ ਪ੍ਰਕਾਸ਼ਿਤ ਕੀਤੀਆਂ ਗਈਆਂ ਕਿਤਾਬਾਂ ਬਾਰੇ ਵੀ ਵਿਦਿਆਰਥੀਆਂ ਨੂੰ ਦੱਸਿਆ ਗਿਆ। ਵਿਭਾਗ ਦੁਆਰਾ ਪਿਛਲੇ ਸਮੇਂ ਦੌਰਾਨ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਤਸਵੀਰਾਂ ਵੀ ਵਿਦਿਆਰਥੀਆਂ ਨਾਲ ਸਾਂਝੀਆਂ ਕੀਤੀਆਂ ਗਈਆਂ। ਡਾ. ਰੂਬਲ ਬਰਾੜ ਵੱਲੋਂ ਐਂਟੀ ਰੈਗਿੰਗ, ਬੁੱਕ ਕਲੱਬ, ਕਾਨਫ਼ਰੰਸ, ਸੈਮੀਨਾਰ, ਇੰਗਲਿਸ਼ ਲਿਟਰੇਰੀ ਸੁਸਾਇਟੀ ਅਤੇ ਬੁੱਕ ਐਡੀਟਿੰਗ ਬਾਰੇ ਜਾਣਕਾਰੀ ਦਿੱਤੀ ਗਈ।

# खालसा कॉलेज ने ओरिएंटेशन प्रोग्राम कराया



पटियाला। खालसा कॉलेज पटियाला के अलग-अलग विभागों इसमें पोस्ट ग्रेजुएट पंजाबी विभाग, पोस्ट ग्रेजुएट अंग्रेजी और विदेशी भाषा विभाग और समाज विज्ञान विभाग की तरफ से नए विद्यार्थियों के लिए ओरिएंटेशन और इंडक्शन प्रोग्राम का आयोजन किया गया। कॉलेज प्रिंसिपल डॉ. धरमिंदर सिंह छोटा ने कहा कि खालसा कालेज विद्यार्थियों के उज्ज्वल भविष्य के लिए लगातार यत्न करता आ रहा है। इस मौके पर डिप्टी प्रिंसिपल डा. जसलीन कौर, वाइस प्रिंसिपल डा. हरविंद्र कौर डा. रविन्दरजीत सिंह कंट्रोलर परीक्षाए, और अलग -अलग विभागों के स्टाफ मेंबर भी उपस्थित थे।